# ਪ੍ਰੈਸ ਨੋਟ

## ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਪੁਲਿਸ ਲਾਈਨ ਹੁਸ਼ਿਆਰਪੁਰ ਅਤੇ ਜਿਲ੍ਹਾ ਦੇ ਵੱਖ ਵੱਖ ਥਾਨਿਆ ਵਿੱਚ ਲਗਾਏ ਗਏ 905 ਪੌਦੇ।

ਮਾਨਯੋਗ ਡਾਇਰੈਕਟਰ ਜਨਰਲ ਪੁਲਿਸ, ਪੰਜਾਬ, ਚੰਡੀਗੜ੍ਹ ਅਤੇ ਇੰਸਪੈਕਟਰ ਜਨਰਲ ਪੁਲਿਸ, ਜਲੰਧਰ ਜੋਨ-2, ਜਲੰਧਰ ਜੀ ਵੱਲੋਂ ਜਿਲ੍ਹਾ ਹੁਸ਼ਿਆਰਪੁਰ ਵੱਲੋਂ ਮਿਤੀ 28.07.17 ਨੂੰ ਪੁਲਿਸ ਲਾਈਨ ਹੁਸ਼ਿਆਰਪੁਰ ਵਿਖੇ ਕੀਤੀ ਗਈ ਮੀਟਿੰਗ ਵਿੱਚ ਸਮਾਜਿਕ ਭਲਾਈ ਅਤੇ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਦੀ ਤਜਵੀਜ ਦਿੱਤੀ ਗਈ ਸੀ। ਜਿਸ ਨੂੰ ਮੱਦੇਨਜਰ ਰੱਖਦੇ ਹੋਏ ਸ਼੍ਰੀ ਜੇ. ਇਲਨਚੇਲੀਅਨ, ਆਈ.ਪੀ.ਐਸ., ਸੀਨੀਅਰ ਪੁਲਿਸ ਕਪਤਾਨ, ਹੁਸ਼ਿਆਰਪੁਰ ਜੀ ਨੇ ਥਾਣਾ ਹਰਿਆਣਾ ਵਿੱਚ ਪੌਦੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਅਤੇ ਐਸ.ਐਸ.ਪੀ., ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਮੂਹ ਗਜਟਿਡ ਅਫਸਰ, ਸਮੂਹ ਮੁੱਖ ਅਫਸਰ ਥਾਣਾ ਅਤੇ ਜਿਲ੍ਹਾ ਹੁਸ਼ਿਆਰਪੁਰ ਦੇ ਪੁਲਿਸ ਕਰਮਚਾਰੀਆਂ ਵੱਲੋਂ ਅੱਜ ਮਿਤੀ 04.08.17 ਨੂੰ ਜਿਲਾ ਹੁਸ਼ਿਆਰਪੁਰ ਵਿਖੇ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਪੁਲਿਸ ਲਾਈਨ ਹੁਸ਼ਿਆਰਪੁਰ, ਜਿਲ੍ਹਾ ਦੇ ਵੱਖ ਵੱਖ ਥਾਣਿਆਂ, ਸੁਵਿਧਾ ਸੈਂਟਰਾਂ ਅਤੇ ਆਊਟ ਰੀਚ ਸੈਂਟਰਾਂ ਦੇ ਬਾਹਰ ਵਿੱਚ ਨਵੇਂ ਪੌਦੇ ਲਗਾਏ ਗਏ ਹਨ। ਇਹਨਾਂ ਪੌਦਿਆਂ ਨੂੰ ਲਗਾਉਣ ਵਿੱਚ ਜਿਲ੍ਹਾ ਹੁਸ਼ਿਆਰਪੁਰ ਦੇ ਸਮੂਹ ਪੁਲਿਸ ਕਰਮਚਾਰੀਆਂ ਵੱਲੋਂ ਬਹੁਤ ਮਿਹਨਤ ਕੀਤੀ ਗਈ ਹੈ। ਪੁਲਿਸ ਲਾਈਨ ਹੁਸ਼ਿਆਰਪੁਰ ਵਿਖੇ 310 ਪੌਦੇ, ਜਿਲ੍ਹਾ ਦੇ ਸੀ.ਪੀ.ਆਰ.ਸੀ ਸੈਂਟਰਾਂ ਅਤੇ ਆਊਟ ਰੀਚ ਸੈਂਟਰਾਂ ਵਿੱਚ 300 ਪੌਦੇ ਅਤੇ ਜਿਲ੍ਹਾ ਦੇ ਵੱਖ ਵੱਖ ਥਾਣਿਆਂ ਵਿੱਚ 295 ਪੌਦੇ ਕੁੱਲ 905 ਪੌਦੇ ਵਾਤਾਵਰਣ ਨੂੰ ਹਰਾ ਭਰਾ ਬਣਾਉਣ ਲਈ ਲਗਾਏ ਗਏ ਹਨ। ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾ ਦੇ ਉਦਮ ਕਰਕੇ ਹੋਰ ਵੀ ਪੌਦੇ ਲਗਾਏ ਜਾਇਆ ਕਰਨਗੇ ਅਤੇ ਆਮ ਪਬਲਿਕ ਨੂੰ ਵੀ ਪੌਦੇ ਲਗਾਉਣ ਲਈ ਪ੍ਰੇਰਤ ਕੀਤਾ ਜਾਵੇਗਾ। ਇਹਨਾਂ ਪੌਦਿਆਂ ਦੇ ਲਗਾਉਣ ਨਾਲ ਵਾਤਾਵਰਣ ਸ਼ੁੱਧ ਹੋਣ ਵਿੱਚ ਮੱਦਦ ਮਿਲੇਗੀ ਅਤੇ ਵੱਧ ਰਹੀ ਪ੍ਰਦੂਸ਼ਣ ਦੀ ਸਮਸ਼ਿਆ ਵਿੱਚ ਵੀ ਕਮੀ ਆਵੇਗੀ।